# ਮੁੱਖ ਮੰਤਰੀ 'ਤੇ ਪੰਜਾਬ ਦੇ ਲੋਕਾਂ ਤੇ ਕੱਚੇ ਮੁਲਾਜ਼ਮਾਂ ਨੇ ਲਗਾਇਆ ਗੁੰਮਰਾਹ ਕਰਨ ਦਾ ਦੋਸ਼

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਦੇ ਰਾਹ ਪਏ ਕੱਚੇ ਮੁਲਾਜ਼ਮਾਂ ਨੇ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ 'ਤੇ ਗੁਮਰਾਹ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਇਸੇ ਸਬੰਧੀ ਐੱਨ.ਐੱਚ.ਐੱਮ. ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਭੁੱਲਰ ਅਤੇ ਸਾਂਝੀ ਕਮੇਟੀ ਦੇ ਆਗੂ ਡਾ: ਇੰਦਰਜੀਤ ਸਿੰਘ ਰਾਣਾ, ਸੁਖਜੀਤ ਸਿੰਘ ਅਤੇ ਐੱਨ.ਐੱਚ.ਐੱਮ. ਇੰਪਲਾਈਜ਼ ਯੂਨੀਅਨ ਫ਼ਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਨੇ ਦਿੱਤੇ ਸਾਂਝੇ ਬਿਆਨ ਵਿਚ ਮੁੱਖ ਮੰਤਰੀ ਪੰਜਾਬ 'ਤੇ ਝੂਠਾ ਪ੍ਰਚਾਰ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਪਿਛਲੇ ਦੋ ਮਹੀਨਿਆਂ ਤੋਂ ਅਖ਼ਬਾਰਾਂ, ਮੀਡੀਆ ਤੇ ਹੋਰਡਿੰਗਾਂ ਰਾਹੀਂ ਪ੍ਰਚਾਰ ਕਰ ਰਹੇ ਹਨ ਕਿ ਅਸੀਂ 36000 ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰ ਦਿੱਤਾ ਹੈ, ਜਦੋਂ ਕਿ ਹਕੀਕਤ ਵਿਚ ਕਿਸੇ ਵੀ ਵਿਭਾਗ ਵਿਚ ਇਕ ਵੀ ਕੱਚਾ ਮੁਲਾਜ਼ਮ ਪੱਕਾ ਨਹੀਂ ਕੀਤਾ ਗਿਆ ਹੈ। ਅੱਜ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਧੀਰ ਅਲੈਗਜੈਂਡਰ ਮਲਟੀਪਰਪਜ਼ ਫੀਮੇਲ ਮੇਲ ਦੇ ਪੰਜਾਬ ਦੇ ਮੀਤ ਪ੍ਰਧਾਨ ਨਰਿੰਦਰ ਸ਼ਰਮਾ, ਰਾਮ ਪ੍ਰਸ਼ਾਦ ਤੇ ਸੁਮਿਤ ਗਿੱਲ ਨੇ ਕਿਹਾ ਕਿ ਆਉਂਦੀਆਂ ਵਿਧਾਨ ਸਭਾ ਚੋਣਾਂ 'ਚ ਐੱਨ.ਐੱਚ.ਐੱਮ. ਮੁਲਾਜ਼ਮਾਂ ਵਲੋਂ ਕਾਂਗਰਸ ਪਾਰਟੀ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਨਰਿੰਦਰ ਸ਼ਰਮਾ ਨੇ ਦੱਸਿਆ ਕਿ ਜਥੇਬੰਦੀ ਵਲੋਂ ਉਲੀਕੇ ਪ੍ਰੋਗਰਾਮ ਤਹਿਤ ਸਿਵਲ ਸਰਜਨ ਦੇ ਬੂਹੇ ਅੱਗੇ ਰੋਸ ਧਰਨਾ ਦੇ ਕੇ ਭੁੱਖ ਹੜਤਾਲ 'ਤੇ ਬੈਠਿਆ ਜਾਵੇਗਾ।



ਰੋਸ ਮੁਜ਼ਾਹਰਾ ਕਰਨ ਸਮੇਂ ਸਿਹਤ ਵਿਭਾਗ ਦੇ ਕੱਚੇ ਤੇ ਪੱਕੇ ਮੁਲਾਜ਼ਮ। ਅਜੀਤ ਤਸਵੀਰ


ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵਲੋਂ ਮੋਦੀ ਦਾ ਪੁਤਲਾ ਸਾੜੇ ਜਾਣ ਦਾ ਦ੍ਰਿਸ਼। ਅਜੀਤ ਤਸਵੀਰ

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ ਵੱਖ-ਵੱਖ ਪਿੰਡਾਂ 'ਚ ਮੋਦੀ ਦੇ ਪੁਤਲੇ ਸਾੜੇ

ਫ਼ਿਰੋਜ਼ਪੁਰ, 3 ਜਨਵਰੀ (ਕੁਲਬੀਰ ਸਿੰਘ ਸੋਢੀ)-ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਿਲ ਪੰਜਾਬ ਦੀਆਂ ਜਥੇਬੰਦੀਆਂ ਵਲੋਂ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦੀ ਪੰਜਾਬ ਫੇਰੀ ਦੌਰਾਨ ਵਿਰੋਧ ਪ੍ਰਦਰਸ਼ਨ ਕਰਨ ਦੇ ਸੱਦੇ ਨੂੰ ਕਾਮਯਾਬ ਬਣਾਉਣ ਲਈ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵਲੋਂ ਜ਼ਿਲ੍ਹੇ ਅੰਦਰ ਦਰਜਨਾਂ ਪਿੰਡਾਂ ਵਿਚ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ, ਜਿਨ੍ਹਾਂ ਦੀ ਅਗਵਾਈ ਵੱਖ-ਵੱਖ ਇਲਾਕਿਆਂ ਸੂਬਾ ਜਰਨਲ ਸਕੱਤਰ ਗੁਰਮੀਤ ਸਿੰਘ ਮਹਿਮਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋ ਕੇ, ਜ਼ਿਲ੍ਹਾ ਮੀਤ ਪ੍ਰਧਾਨ ਰਣਜੀਤ ਸਿੰਘ ਝੋਕ, ਜ਼ਿਲ੍ਹਾ ਜਰਨਲ ਸਕੱਤਰ ਸੁਰਜੀਤ ਕੁਮਾਰ, ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਮਲਸੀਆਂ, ਜ਼ਿਲ੍ਹਾ ਖ਼ਜ਼ਾਨਚੀ ਜਤਿੰਦਰ ਰੌਫੀ, ਦੇਸ ਰਾਜ ਬਾਜੇ ਕੇ ਤੋਂ ਇਲਾਵਾ ਬਲਾਕ ਆਗੂ ਨਿਰਮਲ ਸਿੰਘ ਰੱਜੀ ਵਾਲਾ, ਗੁਰਭੇਜ ਸਿੰਘ ਲੋਹੜਾ ਨਵਾਬ, ਗੁਰਮੁਖ ਰਾਮ, ਗੁਰਜੱਜ ਸਿੰਘ, ਗੁਰਸੇਵਕ ਸਿੰਘ ਖ਼ਵਾਜਾ ਖੜਕ, ਨਛੱਤਰ ਸਿੰਘ ਮਲਸੀਆਂ, ਬਲਦੇਵ ਸਿੰਘ ਬਾਰੇ ਕੇ, ਹਰਪ੍ਰੀਤ ਸਿੰਘ ਮਹਿਮਾ, ਪ੍ਰਤਾਪ ਸਿੰਘ ਲਖਮੀਰਪੁਰਾ, ਸਤਵੀਰ ਸਿੰਘ ਮਿਸ਼ਰੀ ਵਾਲਾ, ਜਸਵੀਰ ਸਿੰਘ ਮੱਲਵਾਲ ਆਦਿ ਆਗੂਆਂ ਨੇ ਕੀਤਾ। ਜਾਣਕਾਰੀ ਦਿੰਦਿਆਂ ਸੂਬਾ ਪ੍ਰੈੱਸ ਸਕੱਤਰ ਅਵਤਾਰ ਮਹਿਮਾ ਨੇ ਦੱਸਿਆ ਕਿ ਕੇਂਦਰ ਸਰਕਾਰ ਵਲੋਂ ਗ੍ਰਹਿ ਵਿਭਾਗ ਦੇ ਸੈਕਟਰੀ ਦੇ ਦਸਤਖ਼ਤ ਹੇਠ ਸੰਯੁਕਤ ਕਿਸਾਨ ਮੋਰਚੇ ਨਾਲ ਲਿਖਤੀ ਵਾਅਦਾ ਕੀਤਾ ਸੀ ਕਿ ਮੋਰਚੇ ਦੌਰਾਨ ਕਿਸਾਨਾਂ ਉੱਪਰ ਦਰਜ ਸਾਰੇ ਕੇਸ ਵਾਪਸ ਲੈ ਜਾਣਗੇ ਅਤੇ ਸ਼ਹੀਦ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇਗਾ, ਪਰ ਹਾਲੇ ਤੱਕ ਸਰਕਾਰ ਵਲੋਂ ਇਸ ਸਬੰਧੀ ਸੰਜੀਦਗੀ ਨਹੀਂ ਵਿਖਾਈ ਗਈ, ਜਿਸ ਲਈ ਪ੍ਰਧਾਨ ਮੰਤਰੀ ਮੋਦੀ ਦਾ 5 ਜਨਵਰੀ ਨੂੰ ਪੂਰੇ ਪੰਜਾਬ ਵਿਚ ਤਹਿਸੀਲਾਂ ਤੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਪੁਤਲੇ ਫੂਕ ਕੇ ਵਿਰੋਧ ਕੀਤਾ ਜਾਵੇਗਾ।


ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਸਾੜਨ ਸਮੇਂ ਇਕੱਤਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਅਹੁਦੇਦਾਰ ਤੇ ਮੈਂਬਰ। ਤਸਵੀਰ:ਪ੍ਰਤਾਪ ਸਿੰਘ ਹੀਰਾ

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ ਪ੍ਰਧਾਨ ਮੰਤਰੀ ਦਾ ਪੁਤਲਾ ਸਾੜਿਆ

ਜ਼ੀਰਾ, 3 ਜਨਵਰੀ (ਮਨਜੀਤ ਸਿੰਘ ਢਿੱਲੋਂ)-ਕਿਸਾਨਾਂ ਦੀਆਂ ਵੱਖ-ਵੱਖ ਮੰਗਾਂ ਤੇ ਮਸਲੇ ਕੇਂਦਰ ਸਰਕਾਰ ਵਲੋਂ ਹੱਲ ਨਾ ਕੀਤੇ ਜਾਣ ਸਬੰਧੀ ਰੋਸ ਵਜੋਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬਲਾਕ ਜ਼ੀਰਾ ਦੇ ਆਗੂਆਂ ਵਲੋਂ ਵੱਖ-ਵੱਖ ਪਿੰਡਾਂ ਵਿਚ ਸਾਥੀਆਂ ਨੂੰ ਨਾਲ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਸਾੜ ਕੇ ਕੇਂਦਰ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਪਿੰਡ ਮੱਲੋ ਕੇ, ਗਾਮੇਵਾਲੀ, ਮਲਸੀਆਂ ਕਲਾਂ, ਟਿੰਡਵਾਂ ਆਦਿ ਪਿੰਡਾਂ ਤੋਂ ਇਕਾਈਆਂ ਦੇ ਆਗੂਆਂ ਨੇ ਭਾਗ ਲਿਆ ਤੇ ਪੰਜਾਬ ਦੀ ਕਾਂਗਰਸ ਸਰਕਾਰ ਅਤੇ ਕੇਂਦਰ ਦੀ ਭਾਜਪਾ ਸਰਕਾਰ ਨੂੰ ਕਿਸਾਨ ਵਿਰੋਧੀ ਦੱਸਦਿਆਂ ਕਿਸਾਨਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਲਦ ਪੂਰੀਆਂ ਕੀਤੇ ਜਾਣ ਦੀ ਅਪੀਲ ਕੀਤੀ ਤੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰਾਂ ਨੇ ਕਿਸਾਨਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਾ ਦਿੱਤਾ ਤਾਂ ਨਤੀਜੇ ਭੁਗਤਣ ਲਈ ਤਿਆਰ ਰਹਿਣ। ਇਸ ਮੌਕੇ ਗੱਲਬਾਤ ਕਰਦਿਆਂ ਗੁਰਚਰਨ ਸਿੰਘ ਜ਼ਿਲ੍ਹਾ ਸਕੱਤਰ, ਨਛੱਤਰ ਸਿੰਘ ਬਲਾਕ ਪ੍ਰਧਾਨ ਤੇ ਕੁਲਤਾਰ ਸਿੰਘ ਆਦਿ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪੰਜਾਬ ਫੇਰੀ ਦਾ ਵੱਖ-ਵੱਖ ਕਿਸਾਨ ਆਗੂਆਂ ਵਲੋਂ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਗੁਰਵਿੰਦਰ ਸਿੰਘ ਮਲਸੀਆਂ ਕਲਾਂ, ਕੁਲਵਿੰਦਰ ਸਿੰਘ, ਰਾਜਿੰਦਰ ਸਿੰਘ, ਸੁਰਜੀਤ ਸਿੰਘ, ਬਲਵੀਰ ਸਿੰਘ ਮੱਲੋ ਕੇ, ਵੀਰ ਸਿੰਘ, ਸ਼ਰਨ ਸਿੰਘ ਟਿੰਡਵਾਂ, ਸਤਨਾਮ ਸਿੰਘ, ਦੇਵ ਸਿੰਘ, ਤਰਸੇਮ ਸਿੰਘ, ਪਰਮਜੀਤ ਸਿੰਘ, ਬਲਜੀਤ ਸਿੰਘ, ਲਖਵੀਰ ਸਿੰਘ ਗਾਮੇਵਾਲੀ ਤੇ ਗੁਰਦੀਪ ਸਿੰਘ ਆਦਿ ਹਾਜ਼ਰ ਸਨ।

## ਦਾਜ ਘੱਟ ਲਿਆਉਣ 'ਤੇ ਸਹੁਰਾ ਪਰਿਵਾਰ ਵਲੋਂ ਨੂੰਹ ਨੂੰ ਮਾਰਨ ਦੀ ਕੋਸ਼ਿਸ਼

**ਪੁਲਿਸ ਵਲੋਂ ਸਹੁਰਾ ਪਰਿਵਾਰ ਵਿਰੁੱਧ ਮਾਮਲਾ ਦਰਜ**

ਆਰਿਫ਼ ਕੇ, 3 ਜਨਵਰੀ (ਬਲਬੀਰ ਸਿੰਘ ਜੋਸਨ)-ਦਾਜ ਵਿਚ ਵਰਨਾ ਕਾਰ ਤੇ 30 ਲੱਖ ਰੁਪਏ ਨਾ ਲਿਆਉਣ ਕਾਰਨ ਸਹੁਰਾ ਪਰਿਵਾਰ ਵਲੋਂ ਨੂੰਹ ਨੂੰ ਗੱਲਾ ਘੁੱਟ ਕੇ ਮਾਰਨ ਦੇ ਦੋਸ਼ਾਂ ਤਹਿਤ ਪੁਲਿਸ ਥਾਣਾ ਆਰਿਫ਼ ਕੇ ਨੇ ਸਹੁਰਾ ਪਰਿਵਾਰ ਵਿਰੁੱਧ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਮਨਪ੍ਰੀਤ ਕੌਰ ਦਾ ਵਿਆਹ ਗੁਰਪ੍ਰੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਆਰਿਫ ਨਾਲ ਕਰੀਬ ਪੰਜ ਸਾਲ ਪਹਿਲਾਂ ਪੂਰੇ ਰੀਤੀ ਰਿਵਾਜ਼ਾਂ ਨਾਲ ਹੋਇਆ ਸੀ। ਮਨਪ੍ਰੀਤ ਕੌਰ ਤੇ ਗੁਰਪ੍ਰੀਤ ਸਿੰਘ ਦਾ ਇੱਕ ਚਾਰ ਸਾਲ ਦਾ ਲੜਕਾ ਵੀ ਹੈ। ਮਨਪ੍ਰੀਤ ਕੌਰ ਦੀ ਮਤਰੇਈ ਸੱਸ ਬਲਜੀਤ ਕੌਰ ਆਪਣੀ ਨੂੰਹ ਮਨਪ੍ਰੀਤ ਕੌਰ ਨੂੰ ਵਿਆਹ 'ਚ ਦਾਜ ਘੱਟ ਲਿਆਉਣ ਕਰਕੇ ਤਾਹਨੇ ਮਿਹਣੇ ਮਾਰਦੀ ਰਹਿੰਦੀ ਸੀ ਤੇ ਦਾਜ ਵਿਚ ਵਰਨਾ ਕਾਰ ਤੇ 30 ਲੱਖ ਰੁਪਏ ਦੀ ਮੰਗ ਕਰਦੇ ਸੀ। ਦੋਸ਼ੀ ਪਤੀ ਗੁਰਪ੍ਰੀਤ ਸਿੰਘ ਪੁੱਤਰ ਗੁਰਚਰਨ ਸਿੰਘ ਸੱਸ ਬਲਜੀਤ ਕੌਰ ਪਤਨੀ ਗੁਰਚਰਨ ਸਿੰਘ ਤੇ ਸਹੁਰਾ ਗੁਰਚਰਨ ਸਿੰਘ ਵਾਸੀ ਆਰਿਫ ਕੇ ਨੇ ਮਿਤੀ 30 ਦਸੰਬਰ 2021 ਨੂੰ ਮਨਪ੍ਰੀਤ ਕੌਰ ਤੇ ਹਮਸ਼ਵਰਾ ਹੋ ਕੇ ਉਸ ਨੂੰ ਬਾਂਹਾਂ ਤੋਂ ਫੜ ਲਿਆ ਤੇ ਸੱਸ ਬਲਜੀਤ ਕੌਰ ਨੇ ਉਸ ਦੇ ਗਲ ਚੁੰਨੀ ਪਾਈ ਤੇ ਮਾਰ ਦੇਣ ਦੀ ਨੀਅਤ ਨਾਲ ਗੱਲਾ ਘੁੱਟ ਦਿੱਤਾ ਤੇ ਉਸ ਦੇ ਪਤੀ ਗੁਰਪ੍ਰੀਤ ਸਿੰਘ ਨੇ ਉਸ ਦੇ ਮੂੰਹ ਨੂੰ ਸਪਰੇਅ ਵਾਲਾ ਲੀਟਰ ਲਗਾ ਦਿੱਤਾ, ਜਿਸ ਕਰਕੇ ਕੁਝ ਦਵਾਈ ਮਨਪ੍ਰੀਤ ਕੌਰ ਦੇ ਮੂੰਹ ਵਿਚ ਪੈ ਗਈ, ਜਿਸ ਕਾਰਨ ਮਨਪ੍ਰੀਤ ਕੌਰ ਦੀ ਹਾਲਤ ਵਿਗੜ ਗਈ, ਜਿਸ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਵਿਖੇ ਦਾਖ਼ਲ ਕਰਵਾਇਆ ਗਿਆ। ਪੁਲਿਸ ਥਾਣਾ ਆਰਿਫ਼ ਕੇ ਨੇ ਦੋਸ਼ੀ ਗੁਰਪ੍ਰੀਤ ਸਿੰਘ, ਬਲਜੀਤ ਕੌਰ ਤੇ ਗੁਰਚਰਨ ਸਿੰਘ ਵਿਰੁੱਧ ਧਾਰਾ 328/509/34 ਆਈ.ਪੀ.ਸੀ. ਤਹਿਤ ਮਾਮਲਾ ਦਰਜ ਕਰਕੇ ਸਹੁਰਾ ਪਰਿਵਾਰ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾਰੀ ਹੈ।

## ਸਟੇਡੀਅਮ 'ਚੋਂ ਨੌਜਵਾਨ ਦੀ ਲਾਸ਼ ਮਿਲੀ

ਤਲਵੰਡੀ ਭਾਈ, 3 ਜਨਵਰੀ (ਕੁਲਜਿੰਦਰ ਸਿੰਘ ਗਿੱਲ)-ਸਥਾਨਿਕ ਖੇਡ ਸਟੇਡੀਅਮ 'ਚੋਂ ਇਕ ਨੌਜਵਾਨ ਦੀ ਭੇਦਭਰੇ ਹਾਲਤ ਵਿਚ ਲਾਸ਼ ਮਿਲੀ ਹੈ। ਮ੍ਰਿਤਕ ਦੀ ਪਛਾਣ ਹਰਦੀਪ ਸਿੰਘ ਪੁੱਤਰ ਸਰਬਣ ਸਿੰਘ ਵਾਸੀ ਨਵੀਂ ਆਬਾਦੀ ਤਲਵੰਡੀ ਭਾਈ ਵਜੋਂ ਹੋਈ ਹੈ। ਉਹ ਕਰੀਬ 30 ਵਰ੍ਹਿਆਂ ਦਾ ਸੀ ਅਤੇ ਇੱਥੋਂ ਦੇ ਇਕ ਸ਼ੈਲਰ 'ਚ ਮੁਨੀਮ ਵਜੋਂ ਨੌਕਰੀ ਕਰਦਾ ਸੀ। ਇਸ ਸਬੰਧੀ ਪੁਲਿਸ ਕੋਲ ਬਿਆਨ ਕਲਮਬੱਧ ਕਰਵਾਉਂਦਿਆਂ ਮ੍ਰਿਤਕ ਦੀ ਪਤਨੀ ਅਮਨਦੀਪ ਕੌਰ ਨੇ ਦੱਸਿਆ ਕਿ ਉਸ ਦਾ ਪਤੀ ਹਰਦੀਪ ਸਿੰਘ ਜੋ ਕਿ ਪ੍ਰਵੀਨ ਕੁਮਾਰ ਪੁੱਤਰ ਬਾਊ ਰਾਮ ਵਾਸੀ ਤਲਵੰਡੀ ਭਾਈ ਦੇ ਸ਼ੈਲਰ ਵਿੱਚ ਨੌਕਰੀ ਕਰਦਾ ਸੀ ਅਤੇ 1 ਜਨਵਰੀ ਨੂੰ ਸਵੇਰੇ ਘਰੋਂ ਆਪਣੇ ਕੰਮ ਤੇ ਗਿਆ ਸੀ ਅਤੇ ਰਾਤ ਵਾਪਸ ਨਾ ਆਇਆ। ਅਮਨਦੀਪ ਕੌਰ ਨੇ ਦੱਸਿਆ ਕਿ ਸਵੇਰ ਸਮੇਂ ਉਹ ਹਰਦੀਪ ਸਿੰਘ ਦੀ ਭਾਲ ਕਰ ਰਹੇ ਸੀ ਤਾਂ ਇਸ ਦੌਰਾਨ ਉਸ ਦਾ ਪਤੀ ਹਰਦੀਪ ਸਿੰਘ ਉਨ੍ਹਾਂ ਨੂੰ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ (ਲੜਕੇ) ਦੇ ਸਟੇਡੀਅਮ ਦੀਆਂ ਪੌੜੀਆਂ ਤੇ ਡਿੱਗਿਆ ਪਿਆ ਮਿਲਿਆ ਅਤੇ ਉਸ ਦੀ ਮੌਤ ਹੋ ਚੁੱਕੀ ਸੀ। ਇਸ ਸਮੇਂ ਬਿਆਨ ਦੌਰਾਨ ਮ੍ਰਿਤਕ ਦੀ ਪਤਨੀ ਨੇ ਦੱਸਿਆ ਡਿੱਗਣ ਕਰਕੇ ਹਰਦੀਪ ਸਿੰਘ ਦੇ ਮੱਥੇ ਵਿਚ ਸੱਟ ਵੱਜੀ ਹੋਈ ਸੀ। ਥਾਣਾ ਤਲਵੰਡੀ ਭਾਈ ਦੇ ਏ.ਐੱਸ.ਆਈ. ਜਸਪਾਲ ਸਿੰਘ ਵਲੋਂ ਮ੍ਰਿਤਕ ਦੀ ਪਤਨੀ ਦੇ ਬਿਆਨਾਂ ਦੇ ਆਧਾਰ 'ਤੇ ਧਾਰਾ 174 ਦੀ ਕਾਰਵਾਈ ਕੀਤੀ ਗਈ ਹੈ।


ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਭਾਗ ਸਿੰਘ ਮਰਖਾਈ ਦੀ ਅਗਵਾਈ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲਾ ਸਾੜਨ ਸਮੇਂ ਦਾ ਦ੍ਰਿਸ਼। ਅਜੀਤ ਤਸਵੀਰ

## ਭਾਕਿਯੂ ਉਗਰਾਹਾਂ ਨੇ ਵੱਖ-ਵੱਖ ਥਾਈਂ ਪੁਤਲੇ ਸਾੜੇ

ਕੁੱਲਗੜ੍ਹੀ, 3 ਜਨਵਰੀ (ਸੁਖਜਿੰਦਰ ਸਿੰਘ ਸੰਧੂ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਸੂਬਾ ਕਮੇਟੀ ਦੇ ਸੱਦੇ 'ਤੇ ਜ਼ਿਲ੍ਹਾ ਪ੍ਰਧਾਨ ਭਾਗ ਸਿੰਘ ਮਰਖਾਈ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਚ ਮੰਗੀਆਂ ਮੰਗਾਂ ਲਾਗੂ ਨਾ ਕਰਨ ਦੇ ਵਿਰੋਧ ਵਿਚ ਕੇਂਦਰ ਦੀ ਭਾਜਪਾ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਕਿਸਾਨ ਆਗੂਆਂ ਨੇ ਪਿੰਡ ਨਾਜੂ ਸ਼ਾਹ ਵਾਲਾ, ਵਲੂਰ, ਫ਼ਿਰੋਜ਼ਸ਼ਾਹ, ਤਲਵੰਡੀ ਭਾਈ, ਸ਼ੂਸ਼ਕ, ਮਰਖਾਈ, ਕੱਸੋਆਣਾ, ਹਰਦਾਸਾ, ਮਣਕਿਆਂ ਵਾਲੀ, ਦੂਲਚੀ ਕੇ ਆਦਿ ਪਿੰਡਾਂ ਵਿਚ ਮੋਦੀ ਸਰਕਾਰ ਦੇ ਪੁਤਲੇ ਫੂਕੇ ਗਏ ਤੇ ਨਾਅਰੇਬਾਜ਼ੀ ਕੀਤੀ ਗਈ। ਇਸ ਸਮੇਂ ਕੁਲਵੰਤ ਸਿੰਘ ਛੂਛਕ, ਕਿਰਪਾਲ ਸਿੰਘ ਸ਼ੂਸ਼ਕ, ਮੇਲਾ ਸਿੰਘ ਹਰਦਾਸਾ , ਬਲਾਕ ਪ੍ਰਧਾਨ ਘੱਲ ਖ਼ੁਰਦ ਮਹਿੰਦਰ ਸਿੰਘ ਗਿੱਲ, ਪ੍ਰਿਤਪਾਲ ਸਿੰਘ ਤਲਵੰਡੀ ਭਾਈ ਤਜਿੰਦਰ ਸਿੰਘ ਤਲਵੰਡੀ ਭਾਈ, ਗਾਮਾ ਹਲਵਾਈ ਤਲਵੰਡੀ ਭਾਈ,ਦਵਿੰਦਰ ਸਿੰਘ ਦੂਲਚੀ ਕੇ, ਪੂਰਨ ਮੱਲ ਦੂਲਚੀ ਕੇ,ਹਰਜਿੰਦਰ ਸਿੰਘ ਗਿੱਲ ,ਹਰਜਿੰਦਰ ਸਿੰਘ ਬਰਾੜ, ਸਤਨਾਮ ਸਿੰਘ , ਨਿਰਮਲ ਸਿੰਘ ਸੰਧੂ ਮੋਹਕਮ ਵਾਲਾ, ਸ਼ਾਮ ਸਿੰਘ ਮੋਹਕਮ ਵਾਲਾ, ਕੁਲਦੀਪ ਸਿੰਘ ਮੋਹਕਮ ਵਾਲਾ, ਪਰਮਜੀਤ ਸਿੰਘ ਮੋਹਕਮ ਵਾਲਾ, ਸ਼ਾਮ ਸਿੰਘ ਤਖਤੂ ਵਾਲਾ, ਨਿਰਮਲ ਸਿੰਘ ਤੇ ਹੋਰ ਹਾਜ਼ਰ ਸਨ।

## ਕੇਂਦਰੀ ਜੇਲ੍ਹ 'ਚੋਂ ਤਲਾਸ਼ੀ ਦੌਰਾਨ ਹਵਾਲਾਤੀਆਂ ਕੋਲੋਂ ਦੋ ਮੋਬਾਈਲ ਤੇ ਸਿੰਮ ਕਾਰਡ ਬਰਾਮਦ

ਫ਼ਿਰੋਜ਼ਪੁਰ, 3 ਜਨਵਰੀ (ਗੁਰਿੰਦਰ ਸਿੰਘ)-ਕੇਂਦਰੀ ਜੇਲ੍ਹ ਫ਼ਿਰੋਜ਼ਪੁਰ 'ਚ ਬੰਦ ਹਵਾਲਾਤੀਆਂ ਕੋਲੋਂ ਦੋ ਮੋਬਾਈਲ ਫ਼ੋਨ ਸਮੇਤ ਬੈਟਰੀ ਤੇ ਸਿੰਮ ਕਾਰਡ ਬਰਾਮਦ ਹੋਣ ਦੀ ਸੂਚਨਾ ਤਹਿਤ ਥਾਣਾ ਸਿਟੀ ਪੁਲਿਸ ਨੇ ਦੋ ਹਵਾਲਾਤੀਆਂ ਖਿਲਾਫ਼ ਮੁਕੱਦਮਾ ਦਰਜ ਕੀਤਾ ਹੈ। ਪੁਲਿਸ ਨੂੰ ਭੇਜੇ ਪੱਤਰ ਨੰਬਰ 101215 ਵਿਚ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਦੇ ਸਹਾਇਕ ਸੁਪਰਡੈਂਟ ਬੇਅੰਤ ਸਿੰਘ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਕਰਮਚਾਰੀਆਂ ਨੇ ਜੇਲ੍ਹ ਅੰਦਰ ਬਲਾਕ ਨੰਬਰ-1 ਬੈਰਕ ਨੰਬਰ-4 ਦੀ ਕੀਤੀ ਤਲਾਸ਼ੀ ਦੌਰਾਨ ਹਵਾਲਾਤੀ ਬੂਟਾ ਸਿੰਘ ਕੋਲੋਂ ਇਕ ਮੋਬਾਈਲ ਫ਼ੋਨ ਮਾਰਕਾ ਸੈਮਸੰਗ (ਕੀ-ਪੈਡ) ਸਮੇਤ ਤੇ ਬੀ.ਐੱਸ.ਐੱਨ.ਐੱਲ. ਕੰਪਨੀ ਦਾ ਸਿੰਮ ਕਾਰਡ ਅਤੇ ਬੈਰਕ ਨੰਬਰ-5 ਦੀ ਤਲਾਸ਼ੀ ਦੌਰਾਨ ਹਵਾਲਾਤੀ ਜਰਮਲ ਸਿੰਘ ਉਰਫ਼ ਸੋਨੂੰ ਕੋਲੋਂ ਇਕ ਮੋਬਾਈਲ ਫ਼ੋਨ ਮਾਰਕਾ ਨੋਕੀਆ (ਕੀ-ਪੈਡ) ਸਮੇਤ ਬੈਟਰੀ ਅਤੇ ਏਅਰਟੈੱਲ ਕੰਪਨੀ ਦਾ ਸਿੰਮ ਕਾਰਡ ਬਰਾਮਦ ਹੋਇਆ। ਮਾਮਲੇ ਦੇ ਜਾਂਚ ਅਧਿਕਾਰੀ ਹੌਲਦਾਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਜ਼ੇਲ੍ਹ ਅਧਿਕਾਰੀਆਂ ਦੀ ਸੂਚਨਾ ਦੇ ਆਧਾਰ ਤੇ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਹਵਾਲਾਤੀ ਬੂਟਾ ਸਿੰਘ ਪੁੱਤਰ ਓਮ ਪ੍ਰਕਾਸ਼ ਤੇ ਹਵਾਲਾਤੀ ਜਰਮਲ ਸਿੰਘ ਉਰਫ਼ ਸੋਨੂੰ ਪੁੱਤਰ ਬੋਹੜ ਸਿੰਘ ਦੋਵੇਂ ਹਾਲ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਖਿਲਾਫ਼ ਧਾਰਾ 52-ਏ ਪਰੀਜਨਸ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

## ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ ਵਲੋਂ ਰੈਲੀ ਸਥਾਨ ਦਾ ਦੌਰਾ


ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ, ਭਾਜਪਾ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੱਗੇ ਕੇ ਪਿੱਪਲ ਰੈਲੀ ਸਥਾਨ ਦਾ ਜਾਇਜ਼ਾ ਲੈਣ ਸਮੇਂ। ਤਸਵੀਰ: ਰਾਕੇਸ਼ ਚਾਵਲਾ

ਫ਼ਿਰੋਜ਼ਪੁਰ, 3 ਜਨਵਰੀ (ਰਾਕੇਸ਼ ਚਾਵਲਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਹੋਣ ਵਾਲੀ ਰੈਲੀ ਨੂੰ ਸਫ਼ਲ ਬਣਾਉਣ ਲਈ ਭਾਜਪਾ ਪੱਬਾਂ ਭਾਰ ਹੋ ਗਈ ਹੈ। ਪਿਛਲੇ ਇਕ ਹਫ਼ਤੇ ਤੋਂ ਕੇਂਦਰੀ ਤੇ ਸੂਬਾ ਪੱਧਰ ਦੇ ਭਾਜਪਾ ਮੰਤਰੀ ਤੇ ਆਗੂ ਇੱਥੇ ਡੇਰੇ ਲਾ ਕੇ ਬੈਠੇ ਹੋਏ ਹਨ ਅਤੇ ਰੈਲੀ ਵਾਲੀ ਥਾਂ 'ਤੇ ਲਗਾਤਾਰ ਦੌਰੇ ਕਰਦੇ ਹੋਏ ਸਥਿਤੀ ਦਾ ਜਾਇਜ਼ਾ ਲੈਣ ਦੇ ਨਾਲ-ਨਾਲ ਪ੍ਰਬੰਧਾਂ ਦੀ ਦੇਖ-ਰੇਖ ਵੀ ਕਰ ਰਹੇ ਹਨ। ਇਸੇ ਲੜੀ ਤਹਿਤ ਕੇਂਦਰੀ ਜਲ ਸ਼ਕਤੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਤੇ ਭਾਜਪਾ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ, (ਗੁਜਰਾਤ) ਤੋਂ ਸਾਂਸਦ ਤੇ ਪੰਜਾਬ ਚੋਣ ਸਹਿ ਪ੍ਰਭਾਰੀ ਵਿਨੋਦ ਚਾਵੜਾ, ਜਨਰਲ ਸਕੱਤਰ ਜੀਵਨ ਗੁਪਤਾ, ਫ਼ਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਅਤੇ ਹੋਰ ਭਾਜਪਾ ਆਗੂਆਂ ਬੱਗੇ ਕੇ ਪਿੱਪਲ ਨੇ ਦੱਸਿਆ ਕਿ 5 ਜਨਵਰੀ ਨੂੰ ਹੋਣ ਵਾਲੀ ਰੈਲੀ ਇਤਿਹਾਸਿਕ ਹੋਵੇਗੀ, ਜਿਸ ਵਿਚ ਲੱਖਾਂ ਲੋਕ ਸ਼ਿਰਕਤ ਕਰਨਗੇ। ਭਾਜਪਾ ਆਗੂਆਂ ਨੇ ਦੱਸਿਆ ਕਿ ਫ਼ਿਰੋਜ਼ਪੁਰ ਵਿਖੇ ਪੀ. ਜੀ. ਆਈ. ਪ੍ਰਾਜੈਕਟ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਫ਼ਿਰੋਜ਼ਪੁਰ ਦੀ ਨੁਹਾਰ ਬਦਲ ਜਾਵੇਗੀ। ਇਸ ਪਿੱਛੜੇ ਤੇ ਸਰਹੱਦੀ ਖੇਤਰ ਵਿਚ ਵੱਡਾ ਪ੍ਰਾਜੈਕਟ ਆਉਣ ਨਾਲ ਜਿੱਥੇ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਲਾਭ ਮਿਲੇਗਾ, ਉੱਥੇ ਹੀ ਲੋਕਾਂ ਨੂੰ ਰੁਜ਼ਗਾਰ ਵੀ ਮਿਲੇਗਾ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ ਨੂੰ ਲੈ ਕੇ ਤਿਆਰੀਆਂ ਜ਼ੋਰਾਂ 'ਤੇ- ਐਡ. ਮਨਜੀਤ ਸਿੰਘ ਰਾਏ

ਜ਼ੀਰਾ, 3 ਜਨਵਰੀ (ਜੋਗਿੰਦਰ ਸਿੰਘ ਕੰਡਿਆਲ)-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਬਣਨ ਵਾਲੇ ਪੀ. ਜੀ. ਆਈ. ਸੈਟੇਲਾਈਟ ਦਾ ਨੀਂਹ ਪੱਥਰ ਰੱਖਣ ਲਈ ਆ ਰਹੇ ਹਨ, ਜਿਸ ਦੌਰਾਨ ਉਹ ਉੱਥੇ ਵੱਡੀ ਜਨ ਸਭਾ ਨੂੰ ਵੀ ਸੰਬੋਧਨ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਜਨਤਾ ਪਾਰਟੀ ਦੇ ਸੂਬਾਈ ਆਗੂ ਤੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਐਡਵੋਕੇਟ ਮਨਜੀਤ ਸਿੰਘ ਰਾਏ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫੇਰੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ, ਜਿਸ ਸਬੰਧੀ ਭਾਰਤੀ ਜਨਤਾ ਪਾਰਟੀ ਦੇ ਸਾਰੇ ਮੰਡਲਾਂ ਵਲੋਂ ਲਗਪਗ 2500 ਬੱਸਾਂ ਰਾਹੀਂ ਵਰਕਰਾਂ ਨੂੰ ਰੈਲੀ ਵਿਚ ਲਿਆਂਦਾ ਜਾਵੇਗਾ ਤੇ ਇਸ ਸਬੰਧੀ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਤਿਆਰੀਆਂ ਸਬੰਧੀ ਉਨ੍ਹਾਂ ਨੇ ਪੰਜਾਬ ਭਾਜਪਾ ਦੇ ਇੰਚਾਰਜ ਗਜੇਂਦਰ ਸਿੰਘ ਸ਼ੇਖਾਵਤ ਨਾਲ ਵੀ ਮੁਲਾਕਾਤ ਕੀਤੀ ਹੈ। ਇਸ ਮੌਕੇ ਗੱਲਬਾਤ ਦੌਰਾਨ ਉਨ੍ਹਾਂ ਦਾਅਵਾ ਕੀਤਾ ਕਿ ਜਿਸ ਤਰ੍ਹਾਂ ਪੰਜਾਬ ਵਿਚ ਭਾਰਤੀ ਜਨਤਾ ਪਾਰਟੀ ਦਾ ਦਿਨ-ਬ-ਦਿਨ ਪ੍ਰਸਾਰ ਹੋ ਰਿਹਾ ਹੈ, ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਸਹਿਯੋਗੀ ਪਾਰਟੀਆਂ ਦੇ ਸਮਰਥਨ ਨਾਲ ਭਾਜਪਾ ਸੱਤਾ ਵਿਚ ਆਵੇਗੀ ਅਤੇ ਲੋਕਾਂ ਨੂੰ ਸਾਫ਼ ਸੁਥਰਾ ਪ੍ਰਸ਼ਾਸਨ ਤੇ ਰਾਜ ਭਾਗ ਦਿੱਤਾ ਜਾਵੇਗਾ। ਇਸ ਮੌਕੇ ਵਿੱਕੀ ਸੂਦ ਮੰਡਲ ਪ੍ਰਧਾਨ, ਓਮ ਪ੍ਰਕਾਸ਼ ਬੰਸੀਵਾਲ, ਗੋਪਾਲ ਦਾਸ ਸਿਡਾਨਾ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ, ਰੌਕੀ ਕਥੂਰੀਆ ਯੂਥ ਆਗੂ, ਜਨਕ ਰਾਜ ਸਹੋਤਾ, ਪਵਨ ਕੁਮਾਰ ਬਾਂਸਲ ਸਾਬਕਾ ਵਾਈਸ ਚੇਅਰਮੈਨ, ਪਵਨ ਸੇਠੀ, ਮਿਹਰ ਸਿੰਘ ਰਾਏ ਤੇ ਕੁਲਦੀਪ ਸਿੰਘ ਆਦਿ ਹਾਜ਼ਰ ਸਨ।


ਪੰਜਾਬ ਭਾਜਪਾ ਦੇ ਇੰਚਾਰਜ ਗਜੇਂਦਰ ਸਿੰਘ ਸ਼ੇਖਾਵਤ ਨੂੰ ਮਿਲਣ ਸਮੇਂ ਐਡਵੋਕੇਟ ਮਨਜੀਤ ਸਿੰਘ ਰਾਏ ਸੂਬਾ ਆਗੂ। ਅਜੀਤ ਤਸਵੀਰ


ਚੋਣ ਪ੍ਰਚਾਰ ਕਰਨ ਸਮੇਂ ਅਮਰਜੀਤ ਸਿੰਘ ਘਾਰੂ ਪਾਰਟੀ ਵਰਕਰ ਨਾਲ। ਅਜੀਤ ਤਸਵੀਰ

## ਕਾਂਗਰਸ ਦਾ ਸਾਥ ਦਿਓ, ਤਾਂ ਜੋ ਮੁੜ ਸਰਕਾਰ ਲਿਆਈਏ- ਘਾਰੂ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਵਿਧਾਨ ਸਭਾ ਚੋਣਾਂ 'ਚ ਫ਼ਿਰੋਜ਼ਪੁਰ ਦਿਹਾਤੀ ਹਲਕੇ ਤੋਂ ਟਿਕਟ ਪ੍ਰਾਪਤੀ ਲਈ ਦਾਅਵੇਦਾਰੀ ਠੋਕਣ ਵਾਲੇ ਅਮਰਜੀਤ ਸਿੰਘ ਘਾਰੂ ਸਾਬਕਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਨੇ ਲੋਕਾਂ 'ਚ ਵਿਚਰ ਆਪਣੀ ਚੋਣ ਮੁਹਿੰਮ ਪੂਰੀ ਤਰ੍ਹਾਂ ਗਰਮਾਈ ਰੱਖੀ ਹੈ। ਵੱਖ-ਵੱਖ ਪਿੰਡਾਂ 'ਚ ਵਿਚਰਦਿਆਂ ਘਾਰੂ ਨੇ ਕਿਹਾ ਕਿ ਤਕੜੇ ਹੋ ਕੇ ਕਾਂਗਰਸ ਦਾ ਸਾਥ ਦਿਓ, ਕਿਉਂਕਿ ਚੰਨੀ ਸਰਕਾਰ ਨੇ 100 ਦਿਨਾਂ 'ਚ ਉਹ ਕੰਮ ਕਰ ਵਿਖਾਏ ਹਨ, ਜੋ ਪਿਛਲੇ 74 ਸਾਲਾਂ ਵਿਚ ਨਹੀਂ ਸੀ ਹੋ ਸਕੇ। ਸ੍ਰੀ ਘਾਰੂ ਨੇ ਲੋਕਾਂ ਨੂੰ ਕੁਝ ਫਾਰਮ ਵੀ ਵੰਡੇ, ਜਿਸ ਵਿਚ ਲੋਕਾਂ ਦੀ ਮੌਜੂਦਾ ਸਥਿਤੀ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਬਾਰੇ ਵੀ ਜਾਣਕਾਰੀ ਮੰਗੀ ਗਈ ਤੇ ਤਾਂਕਿ ਤੁਸੀਂ ਫਾਰਮ ਭਰ ਕੇ ਦਿਓ ਤੁਹਾਨੂੰ ਕੋਈ ਸਮੱਸਿਆ ਨਹੀਂ ਆਵੇਗੀ ਤੇ ਹਰ ਮੁਸ਼ਕਿਲ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਪਾਰਟੀ ਵਲੋਂ ਸੇਵਾ ਦਾ ਮੌਕਾ ਦੇਣ 'ਤੇ ਹਲਕੇ ਦਾ ਬਹੁਪੱਖੀ ਵਿਕਾਸ ਕਰਵਾ ਕੇ ਹਲਕੇ ਦੀ ਤਸਵੀਰ ਬਦਲ ਦਿੱਤੀ ਜਾਵੇਗੀ। ਇਸ ਮੌਕੇ ਬਲਕਾਰ ਸਿੰਘ ਮੈਂਬਰ ਬਲਾਕ ਸੰਮਤੀ, ਅਮਰਜੀਤ ਕੌਰ ਗਿੱਲ, ਗੁਰਪ੍ਰੀਤ ਸਿੰਘ ਸਮਰਾ, ਹਰਪ੍ਰੀਤ ਕੌਰ ਤੂੰਬੜਭੰਨ, ਸੂਬਾ ਸਿੰਘ ਢਿੱਲੋਂ, ਬਲਜਿੰਦਰ ਸਿੰਘ ਢਿੱਲੋਂ, ਜੋਗਿੰਦਰ ਸਿੰਘ ਨਾਜੂ ਸਾਹ, ਜੱਸਾ ਸਰਪੰਚ, ਗੁਰਪ੍ਰੀਤ ਸਿੰਘ ਸਰਪੰਚ, ਕੁਲਵਿੰਦਰ ਸਿੰਘ ਬੱਲ ਸਰਪੰਚ, ਗੋਰਾ ਸੰਧੂ, ਬਾਜ਼ ਸਿੰਘ, ਸੁਖਦੇਵ ਸਿੰਘ ਭੁੱਲਰ, ਮੁਖ਼ਤਿਆਰ ਸਿੰਘ ਤੇ ਪੀ.ਏ. ਫੀਲਿਪ ਘਾਰੂ ਆਦਿ ਹਾਜ਼ਰ ਸਨ।

## ਚੋਰ ਗਰੋਹ ਦੇ 4 ਮੈਂਬਰ ਗ੍ਰਿਫ਼ਤਾਰ

**ਚੋਰੀ ਕੀਤੇ 20 ਮੋਟਰਸਾਈਕਲ ਬਰਾਮਦ**

ਮਮਦੋਟ, 3 ਜਨਵਰੀ (ਸੁਖਦੇਵ ਸਿੰਘ ਸੰਗਮ)-ਸੀ. ਆਈ. ਏ. ਸਟਾਫ਼ ਫ਼ਿਰੋਜ਼ਪੁਰ ਦੀ ਪੁਲਿਸ ਵਲੋਂ ਸੂਚਨਾ ਦੇ ਆਧਾਰ 'ਤੇ ਛਾਪੇਮਾਰੀ ਕਰਦੇ ਹੋਏ ਚੋਰ ਗਿਰੋਹ ਦੇ 4 ਮੈਂਬਰਾਂ ਨੂੰ ਚੋਰੀ ਕੀਤੇ 20 ਮੋਟਰਸਾਈਕਲਾਂ ਸਮੇਤ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਹਾਸਿਲ ਕੀਤੀ ਹੈ। ਦੋਸ਼ੀਆਂ ਖ਼ਿਲਾਫ਼ ਥਾਣਾ ਮਮਦੋਟ ਵਿਖੇ 420, 473, 379, 411 ਤਹਿਤ ਕੇਸ ਦਰਜ ਕੀਤਾ ਗਿਆ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ.ਆਈ.ਏ. ਸਟਾਫ਼ ਫ਼ਿਰੋਜ਼ਪੁਰ ਦੇ ਏ. ਐੱਸ. ਆਈ. ਨਵਤੇਜ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਬੀਤੀ ਸ਼ਾਮ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਲਈ ਡੇਰਾ ਰਾਧਾ ਸਵਾਮੀ ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਮੌਜੂਦ ਸੀ ਤਾਂ ਖ਼ਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਂ ਬਾਗਾ ਸਿੰਘ ਪੁੱਤਰ ਦੁੱਲਾ ਸਿੰਘ ਵਾਸੀ ਜਾਮ ਰੱਖਈਆ, ਸੁਖਵਿੰਦਰ ਸਿੰਘ ਉਰਫ਼ ਸੁੱਖਾ ਪੁੱਤਰ ਹਰਬੰਸ ਸਿੰਘ ਵਾਸੀ ਮੱਤੜ ਹਿਠਾੜ, ਜੱਜਪਾਲ ਸਿੰਘ ਉਰਫ਼ ਜੱਜ ਪੁੱਤਰ ਪਿਆਰਾ ਸਿੰਘ ਤੇ ਸੁਰਜੀਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀਆਨ ਖੁੰਦਰ ਹਿਠਾੜ ਮੋਟਰਸਾਈਕਲ ਚੋਰੀ ਕਰਕੇ ਉਨ੍ਹਾਂ 'ਤੇ ਜਾਅਲੀ ਨੰਬਰ ਪਲੇਟਾਂ ਲਗਾ ਕੇ ਭੋਲੇ-ਭਾਲੇ ਲੋਕਾਂ ਨੂੰ ਇਨ੍ਹਾਂ ਵਹੀਕਲਾਂ ਦੇ ਕਾਗ਼ਜ਼ਾਤ ਬਣਾਉਣ ਦਾ ਝਾਂਸਾ ਦੇ ਕੇ ਅੱਗੇ ਵੇਚਣ ਦੇ ਆਦੀ ਹਨ ਤੇ ਅੱਜ ਵੀ ਚੋਰੀ ਕੀਤੇ ਮੋਟਰਸਾਈਕਲਾਂ ਨੂੰ ਅੱਗੇ ਵੇਚਣ ਲਈ ਦਾਣਾ ਮੰਡੀ ਰਾਓ ਕੇ ਹਿਠਾੜ ਵਿਖੇ ਗ੍ਰਾਹਕਾਂ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਪਾਰਟੀ ਵਲੋਂ ਤੁਰੰਤ ਦੋਸ਼ੀਆਨ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤਾਂ ਇਨ੍ਹਾਂ ਕੋਲੋਂ ਚੋਰੀ ਦੇ ਵੱਖ-ਵੱਖ 20 ਮੋਟਰਸਾਈਕਲ ਬਰਾਮਦ ਹੋਏ, ਜਿਨ੍ਹਾਂ ਦੀ ਕੀਮਤ ਲਗਪਗ 7 ਲੱਖ 35 ਹਜ਼ਾਰ ਰੁਪਏ ਬਣਦੀ ਹੈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।


ਪਿੰਡ ਫਿੱਡੇ ਵਿਖੇ ਕੈਪਟਨ ਗੁਰਬਿੰਦਰ ਸਿੰਘ ਕੰਗ ਦੀ ਅਗਵਾਈ ਹੇਠ ਹੋਈ ਇਕੱਤਰਤਾ 'ਚ ਸ਼ਾਮਿਲ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ। ਤਸਵੀਰ: ਕੁਲਜਿੰਦਰ ਸਿੰਘ ਗਿੱਲ

## ਚੋਣਾਂ ਦੌਰਾਨ ਰਾਜਸੀ ਤਬਦੀਲੀ ਲਈ ਵੱਖ-ਵੱਖ ਜਥੇਬੰਦੀਆਂ ਤੇ ਬੁੱਧੀਜੀਵੀਆਂ ਦੀ ਬੈਠਕ ਹੋਈ

ਤਲਵੰਡੀ ਭਾਈ, 3 ਜਨਵਰੀ (ਕੁਲਜਿੰਦਰ ਸਿੰਘ ਗਿੱਲ)-ਕਿਸਾਨ ਧਿਰਾਂ ਵਲੋਂ ਵਿਧਾਨ ਸਭਾ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਵੱਖ-ਵੱਖ ਜਥੇਬੰਦੀਆਂ ਤੇ ਬੁੱਧੀਜੀਵੀਆਂ ਦੀ ਇਕੱਤਰਤਾ ਪਿੰਡ ਫਿੱਡੇ ਵਿਖੇ ਕੈਪਟਨ ਗੁਰਬਿੰਦਰ ਸਿੰਘ ਕੰਗ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਡਾ: ਕੁਲਦੀਪ ਸਿੰਘ ਗਿੱਲ, ਬਲਜਿੰਦਰ ਸਿੰਘ ਬੱਬੀ ਫ਼ਿਰੋਜ਼ਸ਼ਾਹ ਉਪ ਪ੍ਰਧਾਨ ਭਾਕਿਯੂ ਕਾਦੀਆਂ, ਫ਼ਤਿਹ ਸਿੰਘ ਕੋਟ ਕਰੋੜ ਉਪ ਪ੍ਰਧਾਨ ਭਾਕਿਯੂ ਕਾਦੀਆਂ, ਦਵਿੰਦਰ ਸਿੰਘ ਸੇਖੋਂ, ਬਲਵਿੰਦਰ ਸਿੰਘ ਕਨਵੀਨਰ ਲੋਕ ਅਧਿਕਾਰ ਲਹਿਰ, ਮੇਲਾ ਸਿੰਘ ਭੋਲੂਵਾਲਾ, ਨਿਰਮਲ ਸਿੰਘ ਮਾਣੂੰ ਕੇ ਪ੍ਰਧਾਨ ਕਿਸਾਨ ਯੂਨੀਅਨ ਮੋਗਾ, ਪ੍ਰੀਤਮ ਸਿੰਘ ਗਿੱਲ, ਗੁਰਬਚਨ ਸਿੰਘ, ਗੁਰਪ੍ਰੀਤ ਸਿੰਘ ਫਿੱਡੇ, ਗਗਨਦੀਪ ਸਿੰਘ ਬਰਾੜ, ਸਤਵਿੰਦਰ ਸਿੰਘ, ਰਣਜੀਤ ਸਿੰਘ, ਕਸ਼ਮੀਰ ਸਿੰਘ ਬਾਘਾਪੁਰਾਣਾ, ਗੁਰਪ੍ਰੇਮ ਸਿੰਘ ਸਰਾਂ, ਗੁਰਮੇਲ ਸਿੰਘ ਪਤਲੀ, ਬਲਜੀਤ ਸਿੰਘ ਭੰਗਾਲੀ ਤੋਂ ਇਲਾਵਾ ਵੱਖ-ਵੱਖ ਵਰਗਾਂ ਨਾਲ ਸਬੰਧਿਤ ਨੁਮਾਇੰਦੇ ਸ਼ਾਮਿਲ ਹੋਏ। ਮੀਟਿੰਗ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਅੰਦਰ ਰਾਜਸੀ ਤਬਦੀਲੀ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਅਜੋਕੇ ਸਮੇਂ ਦੌਰਾਨ ਪੰਜਾਬ ਦੀ ਇਕੱਲੀ ਕਿਸਾਨੀ ਹੀ ਨਹੀਂ ਬਾਕੀ ਸਾਰੇ ਵਰਗ ਵੀ ਸਮੱਸਿਆਵਾਂ ਦੇ ਦੌਰ 'ਚੋਂ ਗੁਜਰ ਰਹੇ ਹਨੈ, ਜਿਸ ਦੇ ਚੱਲਦਿਆਂ ਭਵਿੱਖ 'ਚ ਸੂਬੇ ਦਾ ਹੋਰ ਨੁਕਸਾਨ ਹੋਣ ਤੋਂ ਰੋਕਣ ਲਈ ਵਿਧਾਨ ਸਭਾ ਚੋਣਾਂ ਦੌਰਾਨ ਲੋਕਤੰਤਰੀ ਢੰਗ ਨਾਲ ਚੰਗੇ ਨੁਮਾਇੰਦੇ ਚੁਣੇ ਜਾਣ ਦਾ ਰਾਹ ਪੱਧਰਾ ਕਰਨ ਦੀ ਲੋੜ ਹੈ।

## ਸੁਰਿੰਦਰ ਸਿੰਘ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਿਲ

ਗੋਲੂ ਕਾ ਮੋੜ, 3 ਜਨਵਰੀ (ਸੁਰਿੰਦਰ ਸਿੰਘ ਪੁਪਨੇਜਾ)-ਵਿਧਾਨ ਚੋਣਾਂ ਨੂੰ ਲੈ ਕੇ ਅਕਾਲੀ-ਬਸਪਾ ਤੋਂ ਹਲਕਾ ਗੁਰੂਹਰਸਹਾਏ ਦੇ ਉਮੀਦਵਾਰ ਵਰਦੇਵ ਸਿੰਘ ਨੋਨੀ ਮਾਨ ਵਲੋਂ ਲਗਾਤਾਰ ਮੇਲ ਮਿਲਾਪ ਕਰ ਕੇ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸੇ ਤਹਿਤ ਹਲਕਾ ਗੁਰੂਹਰਸਹਾਏ ਦੇ ਸਰਹੱਦੀ ਪਿੰਡ ਚਾਂਦੀ ਵਾਲਾ ਵਿਖੇ ਮੀਟਿੰਗ ਵਿਚ ਡਾ: ਰਾਜ ਸਿੰਘ ਡਿੱਬੀਪੁਰਾ ਦੀ ਪ੍ਰੇਰਨਾ ਸਦਕਾ ਕਾਂਗਰਸੀ ਪਰਿਵਾਰ ਸੁਰਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਦਰਜਨ ਸਾਥੀਆਂ ਸਮੇਤ ਅਕਾਲੀ ਦਲ ਵਿਚ ਸ਼ਾਮਿਲ ਹੋ ਗਏ। ਇਸ ਮੌਕੇ ਡਾ: ਰਾਜ ਸਿੰਘ ਨੇ ਕਿਹਾ ਬਾਰਡਰ ਪੱਟੀ 'ਤੇ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਹੀ ਮਜਬੂਤ ਹੈ। ਇਨ੍ਹਾਂ ਪਰਿਵਾਰਾਂ ਦੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ ਹੋਣ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਬਲ ਮਿਲਿਆ ਹੈ। ਇਸ ਮੌਕੇ ਵਰਦੇਵ ਸਿੰਘ ਨੋਨੀ ਮਾਨ, ਡਾ: ਰਾਜ ਸਿੰਘ ਡਿਬੀਪੁਰਾ, ਜਸਪ੍ਰੀਤ ਮਾਨ ਪ੍ਰਧਾਨ ਆਈ. ਟੀ. ਵਿੰਗ, ਬੂੜ ਸਿੰਘ ਸਾਬਕਾ ਚੇਅਰਮੈਨ, ਗੁਰਬਖ਼ਸ਼ ਸਿੰਘ, ਗੁਰਮੀਤ ਸਿੰਘ, ਕਰਨੈਲ ਸਿੰਘ, ਬਗ਼ੀਚਾ ਸਿੰਘ, ਫੁੰਮਣ ਸਿੰਘ, ਪ੍ਰੀਤਮ ਬਾਠ, ਬਲਜੀਤ ਸੰਧੂ ਤੇ ਪ੍ਰੀਤਮ ਬਾਠ ਆਦਿ ਹਾਜ਼ਰ ਸਨ।


ਪਿੰਡ ਚਾਂਦੀ ਵਾਲਾ ਵਿਖੇ ਸ਼ਾਮਿਲ ਹੋਏ ਪਰਿਵਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਹੋਏ ਡਾ: ਰਾਜ ਸਿੰਘ ਡਿੱਬੀਪੁਰਾ ਤੇ ਵਰਦੇਵ ਸਿੰਘ ਮਾਨ। ਤਸਵੀਰ: ਸੁਰਿੰਦਰ ਸਿੰਘ ਪੁਪਨੇਜਾ

## ਪ੍ਰਧਾਨ ਮੰਤਰੀ ਦੀ ਰੈਲੀ ਨੂੰ ਲੈ ਧਰਮਸ਼ਾਲਾ ਤੇ ਗੈਸਟ ਹਾਊਸਾਂ ਦੀ ਚੈਕਿੰਗ

ਫ਼ਿਰੋਜ਼ਪੁਰ, 3 ਜਨਵਰੀ (ਰਾਕੇਸ਼ ਚਾਵਲਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 5 ਜਨਵਰੀ ਨੂੰ ਹੋਣ ਵਾਲੀ ਰੈਲੀ ਨੂੰ ਲੈ ਕੇ ਜਿੱਥੇ ਭਾਜਪਾ ਦੇ ਅਹੁਦੇਦਾਰ ਦਿਨ-ਰਾਤ ਇਕ ਕਰ ਰਹੇ ਹਨ, ਉੱਥੇ ਹੀ ਪ੍ਰਧਾਨ ਮੰਤਰੀ ਦੀ ਆਮਦ ਨੂੰ ਲੈ ਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਖ਼ੁਫ਼ੀਆ ਏਜੰਸੀਆਂ ਵੀ ਹਰਕਤ ਵਿਚ ਹਨ। ਸੂਬੇ ਵਿਚ ਬੀਤੇ ਦਿਨੀਂ ਲੁਧਿਆਣਾ ਵਿਖੇ ਹੋਏ ਬੰਬ ਧਮਾਕੇ ਤੋਂ ਬਾਅਦ ਕੇਂਦਰੀ ਤੇ ਸੂਬਾ ਏਜੰਸੀਆਂ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਵਾਸਤੇ ਪੂਰੀ ਤਰ੍ਹਾਂ ਚੌਕਸੀ ਵਰਤੀ ਹੈ, ਜਿਸ ਦੇ ਤਹਿਤ ਫ਼ਿਰੋਜ਼ਪੁਰ ਤੇ ਆਲੇ-ਦੁਆਲੇ ਦੇ ਇਲਾਕਿਆਂ ਵਿਚ ਰਹਿਣ ਵਾਲੀਆਂ ਥਾਵਾਂ ਦੀ ਜਾਣਕਾਰੀ ਤੇ ਤਲਾਸ਼ੀ ਵੀ ਲਈ ਜਾ ਰਹੀ ਹੈ ਅਤੇ ਇਸ ਦੇ ਨਾਲ ਹੀ ਹੋਟਲਾਂ, ਧਰਮਸ਼ਾਲਾ ਤੇ ਗੈੱਸਟ ਹਾਊਸਾਂ ਵਿਚ ਰਹਿਣ ਵਾਲੇ ਵਿਅਕਤੀਆਂ ਬਾਰੇ ਵੀ ਪੂਰੀ ਜਾਣਕਾਰੀ ਇਕੱਤਰ ਕੀਤੀ ਜਾ ਰਹੀ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਖ਼ੁਫ਼ੀਆ ਵਿਭਾਗ ਦੇ ਅਧਿਕਾਰੀ ਫ਼ਿਰੋਜ਼ਪੁਰ ਸ਼ਹਿਰ ਛਾਉਣੀ ਦੇ ਕਰੀਬ ਤਿੰਨ ਦਰਜਨ ਹੋਟਲਾਂ, ਧਰਮਸ਼ਾਲਾ ਤੇ ਗੈੱਸਟ ਹਾਊਸਾਂ ਵਿਚ ਰਹਿ ਰਹੇ ਵਿਅਕਤੀਆਂ ਦੇ ਆਧਾਰ ਕਾਰਡ ਤੇ ਉਨ੍ਹਾਂ ਦੇ ਪਿਛੋਕੜ ਦੀ ਸਾਰੀ ਜਾਣਕਾਰੀ ਇਕੱਠੀ ਕਰ ਰਹੇ ਹਨ ਅਤੇ ਇਸ ਦੇ ਨਾਲ ਹੀ ਗੈੱਸਟ ਹਾਊਸ, ਹੋਟਲ ਅਤੇ ਧਰਮਸ਼ਾਲਾ ਦੇ ਮਾਲਕਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਜੇਕਰ ਕੋਈ ਪੁਰਾਣਾ ਵਿਅਕਤੀ ਇੱਥੇ ਠਹਿਰਿਆ ਹੋਇਆ ਹੈ, ਉਸ ਦੀ ਜਾਣਕਾਰੀ ਤੁਰੰਤ ਵਿਭਾਗ ਨੂੰ ਦਿੱਤੀ ਜਾਵੇ। ਇਸਦੇ ਨਾਲ ਹੀ ਨੈਸ਼ਨਲ ਹਾਈਵੇ, ਲਿੰਕ ਰੋਡਾਂ ਤੇ ਕੱਚਿਆਂ ਰਸਤਿਆਂ ਉੱਪਰ ਵੀ ਪੁਲਿਸ ਵਲੋਂ ਹਰ ਤਰ੍ਹਾਂ ਦੀ ਨਿਗਰਾਨੀ ਵਾਸਤੇ ਚੌਕਸੀ ਵਰਤੀ ਜਾ ਰਹੀ ਹੈ। ਖੁਫੀਆ ਵਿਭਾਗ ਵਲੋਂ ਇਸ ਤੋਂ ਇਲਾਵਾ ਰੇਲਵੇ ਸਟੇਸ਼ਨ, ਬੱਸ ਸਟੈਂਡ ਤੇ ਹੋਰ ਜਨਤਕ ਥਾਵਾਂ 'ਤੇ ਵੀ ਪੂਰੀ ਤਰ੍ਹਾਂ ਚੌਕਸੀ ਵਰਤੀ ਜਾ ਰਹੀ ਹੈ।

CMYK